# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 11-07-2024**

- ਕੇਂਦਰੀ ਸਿਹਤ ਮੰਤਰੀ ਜਗਤ ਪ੍ਰਕਾਸ਼ ਨੱਡਾ ਨੇ, ਸਹੀ ਪਰਿਵਾਰ ਨਿਯੋਜਨ ਯਕੀਨੀ ਬਣਾਉਣ ਅਤੇ ਯੋਜਨਾਵਾਂ ਤੇ ਪਹਿਲ-ਕਦਮੀਆਂ ਸਹੀ ਢੰਗ ਨਾਲ ਚਲਾਉਣ ਲਈ ਸਾਂਝੇ ਤੌਰ 'ਤੇ ਕੰਮ ਕਰਨ ਦੀ ਜ਼ਰੂਰਤ ਦੱਸੀ।
- ਕੇਂਦਰੀ ਗ੍ਰਿਹ ਮੰਤਰਾਲੇ ਅਧੀਨ ਭਾਰਤੀ ਸਾਈਬਰ ਅਪਰਾਧ ਤਾਲਮੇਲ ਕੇਂਦਰ, ਦੇਸ਼ ਭਰ ਵਿੱਚ ਸਾਈਬਰ ਅਪਰਾਧਾਂ ਦੇ ਟਾਕਰੇ ਲਈ ਜਾਗਰੂਕਤਾ ਫੈਲਾ ਰਿਹਾ ਏ।
- ਕਠੂਆ ਵਿਖੇ ਕੇਂਦਰੀ ਏਜੰਸੀਆਂ, ਬੀ. ਐਸ. ਐਫ. ਅਤੇ ਜੰਮੂ-ਕਸ਼ਮੀਰ ਤੇ ਪੰਜਾਬ ਪੁਲਿਸ ਵਿਚਾਲੇ ਅੱਜ ਇੱਕ ਬੇਹੱਦ ਅਹਿਮ ਉੱਚ ਪੱਧਰੀ ਅੰਤਰ-ਰਾਜੀ ਤਾਲਮੇਲ ਕਾਨਫਰੰਸ ਕੀਤੀ ਗਈ।

- ਆਈ. ਆਈ. ਟੀ. ਰੋਪੜ ਤੇ ਪੰਜਾਬ ਰਾਜ ਬਿਜਲੀ ਕਾਰਪੋਰੇਸ਼ਨ ਨੇ ਇੱਕ ਮਹੱਤਵਪੂਰਨ ਸਮਝੌਤਾ ਪੱਤਰ 'ਤੇ ਦਸਤਖ਼ਤ ਕੀਤੇ।

-----------------------------------------------

ਕੇਂਦਰੀ ਸਿਹਤ ਮੰਤਰੀ ਜਗਤ ਪ੍ਰਕਾਸ਼ ਨੱਡਾ ਨੇ ਅੱਜ ਨਵੀਂ ਦਿੱਲੀ ਵਿੱਚ ਵਿਸ਼ਵ ਆਬਾਦੀ ਦਿਵਸ ਦੇ ਮੌਕੇ 'ਤੇ, ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨਾਲ ਪਰਿਵਾਰ ਨਿਯੋਜਨ ਅਤੇ ਆਬਾਦੀ ਨਿਯੰਤਰਣ ਦੇ ਮੁੱਦਿਆਂ 'ਤੇ, ਇੱਕ ਵਰਚੁਅਲ ਚਰਚਾ ਦੀ ਪ੍ਰਧਾਨਗੀ ਕੀਤੀ। ਸਮਾਗਮ ਦਾ ਵਿਸ਼ਾ "ਮਾਂ ਅਤੇ ਬੱਚੇ ਦੀ ਤੰਦਰੁਸਤੀ ਲਈ ਗਰਭ ਅਵਸਥਾ ਦਾ ਸਿਹਤਮੰਦ ਸਮਾਂ ਅਤੇ ਸਪੇਸਿੰਗ" ਰੱਖਿਆ ਗਿਆ। ਮੀਟਿੰਗ ਦੌਰਾਨ ਉਨਾਂ ਇਸ ਗੱਲ 'ਤੇ ਜ਼ੋਰ ਦਿੱਤਾ, ਕਿ ਕੇਂਦਰ ਅਤੇ ਸੂਬਿਆਂ ਦੋਵਾਂ ਨੂੰ ਸਹੀ ਪਰਿਵਾਰ ਨਿਯੋਜਨ ਨੂੰ ਯਕੀਨੀ ਬਣਾਉਣ ਅਤੇ ਯੋਜਨਾਵਾਂ ਤੇ ਪਹਿਲ-ਕਦਮੀਆਂ ਨੂੰ, ਖਾਸ ਕਰਕੇ ਵੱਧ ਬੋਝ ਵਾਲੇ ਸੂਬਿਆਂ, ਜ਼ਿਲ੍ਹਿਆਂ ਅਤੇ ਬਲਾਕਾਂ ਵਿੱਚ ਸਹੀ ਢੰਗ ਨਾਲ ਚਲਾਉਣ ਲਈ ਸਾਂਝੇ ਤੌਰ 'ਤੇ ਕੰਮ ਕਰਨ ਦੀ ਜਰੂਰਤ ਏ। ਜਗਤ ਪ੍ਰਕਾਸ਼ ਨੱਡਾ ਨੇ ਕਿਹਾ ਕਿ ਉਨਾਂ ਸੂਬਿਆਂ ਵਿੱਚ ਘੱਟ ਕੁੱਲ ਪ੍ਰਜਨਨ ਦਰ TFR ਨੂੰ ਕਾਇਮ ਰੱਖਣ ਦੀ

ਜ਼ਰੂਰਤ ਏ, ਜਿਹੜੇ ਪਹਿਲਾਂ ਹੀ ਇਸ ਨੂੰ ਪ੍ਰਾਪਤ ਕਰ ਚੁੱਕੇ ਨੇ ਅਤੇ ਦੂਜੇ ਸੂਬਿਆਂ ਵਿੱਚ ਪ੍ਰਾਪਤ ਕਰਨ ਲਈ ਕੰਮ ਕਰਨ ਦੀ ਜਰੂਰਤ ਏ।

---------------------------------------------------------------

ਪੁਸ਼ਪਾ ਗੁਜਰਾਲ ਸਾਇੰਸ ਸਿਟੀ ਕਪੂਰਥਲਾ ਵਲੋਂ ਵਿਸ਼ਵ ਆਬਾਦੀ ਦਿਵਸ 'ਤੇ ਅੱਜ ਇਕ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ। ਇਸ ਵਾਰ ਦਾ ਸਿਰਲੇਖ " ਸਮੱਸਿਆ ਨੂੰ ਸਮਝਣ, ਅਨਕੂਲ ਹੱਲ ਲੱਭਣ ਅਤੇ ਤਰੱਕੀ ਲਈ ਮਹੱਤਵਪੂਰਨ ਡਾਟਾ ਇਕੱਠਾ ਕਰਨ 'ਚ ਨਿਵੇਸ਼ ਕਰਨਾ ਏ "। ਇਸ ਮੌਕੇ ਪੰਜਾਬ ਭਰ ਤੋਂ 100 ਤੋਂ ਵੱਧ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਹਿੱਸਾ ਲਿਆ। ਪ੍ਰਮੁੱਖ ਸਮਾਜ ਵਿਗਿਆਨੀ ਡਾ. ਚੰਦਰ ਸ਼ੇਖਰ ਸਿੰਘ ਨੇ ਕਿਹਾ ਕਿ ਆਬਾਦੀ ਦੇ ਵਾਧੇ ਨਾਲ ਜੈਵਿਕ ਈਂਧਨ, ਖਣਿਜ, ਦਰੱਖਤ, ਪਾਣੀ ਅਤੇ ਜੰਗਲੀ ਜੀਵ ਖਾਸ ਕਰਕੇ ਸਮੁੰਦਰੀ ਜੀਵ ਵਰਗੇ ਸਰੋਤ, ਦਿਨੋਂ ਦਿਨ ਖਤਮ ਹੁੰਦੇ ਜਾ ਰਹੇ ਨੇ। ਉਨ੍ਹਾਂ ਕਿਹਾ ਕਿ ਵਧਦੀ ਅਬਾਦੀ ਨਾਲ ਸਰੋਤਾਂ ਦੀ ਵਰਤੋਂ ਵਧ ਜਾਂਦੀ ਏ ਅਤੇ ਇਸ ਤੋਂ ਪੈਦਾ ਹੋਣ ਵਾਲੀ ਰਹਿੰਦ-ਖੂਹੰਦ ਵਿਚ ਬੇਤਹਾਸ਼ਾ ਵਾਧਾ ਹੋ ਜਾਂਦਾ ਏ, ਜਿਸ ਦੌਰਾਨ ਸਰੋਤਾਂ ਦੀ ਸਹੀ ਤਰੀਕੇ ਨਾਲ ਸਾਂਭ-ਸੰਭਾਲ

ਕਰਨੀ ਹੋਰ ਵੀ ਜ਼ਰੂਰੀ ਹੋ ਜਾਂਦੀ ਏ। ਸਾਇੰਸ ਸਿਟੀ ਦੇ ਵਿਗਿਆਨੀ - D, ਰਿਤੇਸ਼ ਪਾਠਕ ਨੇ ਕਿਹਾ ਕਿ ਜੇ ਆਬਾਦੀ ਵਾਧੇ ਨੂੰ ਸਹੀ ਢੰਗ ਨਾਲ ਕਾਬੂ ਨਾ ਕੀਤਾ ਗਿਆ ਤਾਂ ਇਹ ਵਾਤਾਵਰਣ ਸਥਿਰਤਾ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕਰੇਗਾ।

-----------------------------------------------------------

ਏਧਰ ਸੂਬੇ ਦੇ ਵੱਖ ਵੱਖ ਜ਼ਿਲਿਆਂ ਵਿਚ ਵਿਸ਼ਵ ਆਬਾਦੀ ਦਿਵਸ ਸੰਬੰਧੀ ਸਮਾਗਮ ਕਰਵਾਏ ਗਏ। ਮੁਹਾਲੀ ਦੇ ਸਿਵਲ ਸਰਜਨ ਡਾ.ਦਵਿੰਦਰ ਕੁਮਾਰ ਅਤੇ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਤਮੰਨਾ ਨੇ ਦਸਿਆ ਕਿ ਸਿਹਤ ਸੰਸਥਾਵਾਂ ਵਿਚ ਆਏ ਮਰੀਜ਼ਾਂ ਅਤੇ ਉਨ੍ਹਾਂ ਦੇ ਤੀਮਾਰਦਾਰਾਂ ਨੂੰ ਆਬਾਦੀ ਨੂੰ ਕੰਟਰੋਲ ਕਰਨ ਵਾਸਤੇ ਪਰਵਾਰ ਨਿਯੋਜਨ ਦੇ ਵੱਖ-ਵੱਖ ਤਰੀਕਿਆਂ ਬਾਰੇ ਤਫ਼ਸੀਲ ਨਾਲ ਸਮਝਾਇਆ ਗਿਆ। ਉਨਾਂ ਕਿਹਾ ਕਿ ਇਸ ਦੇ ਪਹਿਲੇ ਪੰਦਰਵਾੜੇ ਦੌਰਾਨ ਜਾਗਰੂਕਤਾ ਗਤੀਵਿਧੀਆਂ ਕਰਨ ਦੇ ਨਾਲ-ਨਾਲ ਯੋਗ ਜੋੜਿਆਂ ਨਾਲ ਸੰਪਰਕ ਕਰ ਕੇ ਉਨ੍ਹਾਂ ਨੂੰ ਪਰਵਾਰ ਨਿਯੋਜਨ ਦੇ ਪੱਕੇ ਸਾਧਨ ਅਪਣਾਉਣ ਲਈ ਪ੍ਰੇਰਿਤ ਕੀਤਾ ਗਿਆ ਜਦਕਿ

ਦੂਜੇ ਪੰਦਰਵਾੜੇ ਦੌਰਾਨ ਨਲਬੰਦੀ ਅਤੇ ਨਸਬੰਦੀ ਦੇ ਮੁਫ਼ਤ ਆਪਰੇਸ਼ਨ ਕੀਤੇ ਜਾਣਗੇ।

---------------------------------------------------

NEET UG ਪੇਪਰ ਲੀਕ ਮਾਮਲੇ ਦੀ ਕੇਂਦਰੀ ਜਾਂਚ ਬਿਊਰੋ ਵਲੋਂ ਜਾਂਚ ਅਤੇ ਸਰਵਉੱਚ ਅਦਾਲਤ ਵਲੋਂ ਸੁਣਵਾਈ ਕੀਤੇ ਜਾਣ 'ਤੇ ਲੋਕ ਕਾਫੀ ਸੰਤੁਸ਼ਟ ਨੇ। ਮੋਹਾਲੀ ਤੋਂ ਪ੍ਰਿੰਸੀਪਲ ਗੁਰਮੀਤ ਸਿੰਘ, ਇਸ ਮਾਮਲੇ ਵਿਚ ਹੁਣ ਤਕ ਹੋਈ ਕਾਰਵਾਈ 'ਤੇ ਤੱਸਲੀ ਜਾਹਰ ਕਰਦੇ ਨੇ।

---------------------------------------------------

ਨੈਸ਼ਨਲ ਸਾਈਬਰ ਕ੍ਰਾਈਮ ਰਿਪੋਰਟਿੰਗ ਪੋਰਟਲ 'ਤੇ ਪੁਲਿਸ ਅਧਿਕਾਰੀਆਂ, ਸੀ.ਬੀ.ਆਈ., ਨਾਰਕੋਟਿਕਸ ਵਿਭਾਗ, ਭਾਰਤੀ ਰਿਜ਼ਰਵ ਬੈਂਕ, ਇਨਫੋਰਸਮੈਂਟ ਡਾਇਰੈਕਟੋਰੇਟ ਅਤੇ ਹੋਰ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਦੀ ਨਕਲ ਕਰਨ ਵਾਲੇ ਸਾਈਬਰ ਅਪਰਾਧੀਆਂ ਵਲੋਂ ਧਮਕੀਆਂ, ਬਲੈਕਮੇਲ, ਜਬਰੀ ਵਸੂਲੀ ਅਤੇ "ਡਿਜੀਟਲ ਗ੍ਰਿਫਤਾਰੀ" ਦੀਆਂ ਘਟਨਾਵਾਂ ਬਾਰੇ ਵੱਡੀ ਗਿਣਤੀ ਵਿੱਚ ਸ਼ਿਕਾਇਤਾਂ ਦਰਜ ਕੀਤੀਆਂ ਜਾ ਰਹੀਆਂ ਨੇ। ਇਹ ਧੋਖੇਬਾਜ਼ ਪੁਲਿਸ ਥਾਣਿਆਂ

ਅਤੇ ਸਰਕਾਰੀ ਦਫ਼ਤਰਾਂ ਵਰਗੇ ਬਣਾਏ ਸਟੂਡੀਓ ਦੀ ਵਰਤੋਂ ਵਿੱਚ ਮਾਹਰ ਨੇ ਅਤੇ ਅਸਲੀ ਦਿਖਾਈ ਦੇਣ ਲਈ ਵਰਦੀਆਂ ਵੀ ਪਹਿਨਦੇ ਨੇ । ਭਾਰਤੀ ਸਾਈਬਰ ਕ੍ਰਾਈਮ ਤਾਲਮੇਲ ਸੈਂਟਰ ਨੇ ਲੋਕਾਂ ਨੂੰ ਇਸ ਤੋਂ ਬਚਣ ਦੀ ਅਪੀਲ ਕੀਤੀ ਏ ।

*ਇਕ ਰਿਪੋਰਟ -- ਡਿਸਪੈਚ: ਕੇਂਦਰੀ ਗ੍ਰਿਹ ਮੰਤਰਾਲੇ ਅਧੀਨ ਭਾਰਤੀ ਸਾਈਬਰ ਕ੍ਰਾਈਮ ਤਾਲਮੇਲ ਸੈਂਟਰ ਦੇਸ਼ ਵਿੱਚ ਸਾਈਬਰ ਅਪਰਾਧ ਦਾ ਮੁਕਾਬਲਾ ਕਰਨ ਨਾਲ ਸਬੰਧਤ ਗਤੀਵਿਧੀਆਂ ਦਾ ਤਾਲਮੇਲ ਕਰਦਾ ਏ । ਸਾਈਬਰ ਅਪਰਾਧਾਂ ਦੇ ਮੁਕਾਬਲੇ ਲਈ ਮੰਤਰਾਲਾ ਹੋਰ ਮੰਤਰਾਲਿਆਂ ਤੇ ਉਨ੍ਹਾਂ ਦੀਆਂ ਏਜੰਸੀਆਂ, ਭਾਰਤੀ ਰਿਜ਼ਰਵ ਬੈਂਕ ਅਤੇ ਹੋਰ ਸੰਸਥਾਵਾਂ ਨਾਲ ਮਿਲ ਕੇ ਕੰਮ ਕਰ ਰਿਹਾ ਏ । ਸੈਂਟਰ ਅਜਿਹੇ ਮਾਮਲਿਆਂ ਦੀ ਪਛਾਣ ਅਤੇ ਜਾਂਚ ਲਈ ਸੂਬਿਆਂ ਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ ਪੁਲਿਸ ਅਧਿਕਾਰੀਆਂ ਨੂੰ ਇਨਪੁਟ ਅਤੇ ਤਕਨੀਕੀ ਸਹਾਇਤਾ ਵੀ ਪ੍ਰਦਾਨ ਕਰ ਰਿਹਾ ਏ । ਇਸ ਸੈਂਟਰ ਨੇ ਮਾਈਕ੍ਰੋਸਾਫਟ ਦੇ ਸਹਿਯੋਗ ਨਾਲ ਅਜਿਹੀਆਂ ਗਤੀਵਿਧੀਆਂ ਵਿੱਚ ਸ਼ਾਮਲ 1 ਹਜ਼ਾਰ ਤੋਂ ਵੱਧ ਸਕਾਈਪ ਆਈ ਡੀ ਨੂੰ ਬਲੌਕ ਕੀਤਾ ਏ*

ਅਤੇ ਧੋਖੇਬਾਜ਼ਾਂ ਵਲੋਂ ਵਰਤੇ ਜਾਂਦੇ ਸਿਮ ਕਾਰਡਾਂ ਤੇ ਮੋਬਾਈਲ ਡਿਵਾਈਸਾਂ ਨੂੰ ਬਲੌਕ ਕਰਨ ਵਿੱਚ ਵੀ ਇਹ ਮਦਦ ਕਰ ਰਿਹਾ ਏ । ਸੈਂਟਰ ਨੇ ਆਪਣੇ ਸੋਸ਼ਲ ਮੀਡੀਆ ਪਲੇਟਫਾਰਮ ਰਾਹੀਂ ਕਈ ਅਲਰਟ ਜਾਰੀ ਕੀਤੇ ਨੇ । ਸਾਈਬਰ ਅਪਰਾਧੀਆਂ ਦੇ ਜਾਲ ਵਿੱਚ ਫਸ ਕੇ ਦੇਸ਼ ਵਿੱਚ ਕਈ ਪੀੜਤ ਵੱਡੀ ਰਕਮ ਗੁਆ ਚੁੱਕੇ ਨੇ । ਇਹ ਇੱਕ ਸੰਗਠਿਤ ਔਨਲਾਈਨ ਆਰਥਿਕ ਅਪਰਾਧ ਏ ਅਤੇ ਮੰਨਿਆ ਜਾਂਦਾ ਏ ਕਿ ਇਹ ਸਰਹੱਦ ਪਾਰ ਅਪਰਾਧਿਕ ਸਿੰਡੀਕੇਟਾਂ ਵਲੋਂ ਚਲਾਇਆ ਜਾਂਦਾ ਏ । ਲੋਕਾਂ ਨੂੰ ਇਹ ਸਲਾਹ ਦਿੱਤੀ ਗਈ ਏ ਕਿ ਉਹ ਇਸ ਕਿਸਮ ਦੀਆਂ ਧੋਖਾਧੜੀਆਂ ਬਾਰੇ ਸਚੇਤ ਰਹਿਣ ਅਤੇ ਜਾਗਰੂਕਤਾ ਫੈਲਾਉਣ । ਅਜਿਹੀਆਂ ਕਾਲਾਂ ਦੀ ਪ੍ਰਾਪਤੀ 'ਤੇ, ਨਾਗਰਿਕਾਂ ਨੂੰ ਸਹਾਇਤਾ ਲਈ ਸਾਈਬਰ ਕ੍ਰਾਈਮ ਹੈਲਪਲਾਈਨ ਨੰਬਰ 1930 ਜਾਂ www.cybercrime.gov.in 'ਤੇ ਤੁਰੰਤ ਘਟਨਾ ਦੀ ਰਿਪੋਰਟ ਕਰਨ ਦੀ ਸਲਾਹ ਦਿੱਤੀ ਗਈ ਏ । ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ

---

ਜਿਲ੍ਹਾ ਪਠਾਨਕੋਟ ਵਿਚ ਕਿਸੇ ਵੀ ਆਫ਼ਤ  ਨਾਲ ਨਜਿੱਠਣ ਲਈ ਅਗੇਤੇ ਕੀਤੇ ਪ੍ਰਬੰਧਾਂ ਦੇ ਅਭਿਆਸ ਲਈ ਅੱਜ ਨਰੋਟ ਜੈਮਲ ਸਿੰਘ ਬਲਾਕ ਅਧੀਨ ਆਉਂਦੇ ਪਿੰਡ ਪਹਾੜੀਪੁਰ ਵਿਖੇ, ਉਜ ਦਰਿਆ ਤੇ ਇੱਕ ਮੋਕ ਡਰਿੱਲ ਕੀਤੀ ਗਈ । ਜਿਲ੍ਹਾ ਪ੍ਰਸਾਸਨ, ਮਾਲ ਵਿਭਾਗ ਅਤੇ ਐਨ.ਡੀ.ਆਰ.ਐਫ. ਦੀਆਂ ਟੀਮਾਂ ਵੱਲੋਂ ਬਚਾਓ ਕਾਰਜ ਸ਼ੁਰੂ ਕੀਤੇ ਗਏ ਅਤੇ ਬਚਾਓ ਕਾਰਜਾਂ ਦਾ ਅਭਿਆਸ ਕਰਦਿਆਂ ਕੀਤੇ ਜਾਣ ਵਾਲੇ ਵੱਖ ਵੱਖ ਕਾਰਜਾਂ ਦਾ ਪ੍ਰਦਰਸਨ ਕੀਤਾ ਗਿਆ । ਹੜ੍ਹਾਂ ਦੀ ਸਥਿਤੀ ਵਿੱਚ ਜਾਨ ਬਚਾਉਣ, ਹੜ੍ਹ ਪ੍ਰਭਾਵਿੱਤ ਖੇਤਰਾਂ ਵਿਚ ਫਸੇ ਲੋਕਾਂ ਨੂੰ ਕੱਢਣ, ਉਨ੍ਹਾਂ ਨੂੰ ਮੈਡੀਕਲ ਸਹਾਇਤਾ ਦੇਣ ਜਾਂ ਹੋਰ ਪ੍ਰਬੰਧਾਂ ਦੇ ਵੱਖ ਵੱਖ ਪਹਿਲੂਆਂ ਤੇ ਵੀ ਚਾਨਣਾ ਪਾਇਆ ਗਿਆ। ਇਸ ਵਿਚ ਪ੍ਰਸ਼ਾਸਨ ਵਲੋਂ ਬਣਾਈਆਂ ਗਈਆਂ ਵੱਖ ਵੱਖ ਰਾਹਤ ਟੀਮਾਂ ਨੇ ਵੀ ਅਪਣਾ ਸਹਿਯੋਗ ਦਿੱਤਾ।

---

ਜੰਮੂ-ਕਸ਼ਮੀਰ ਦੇ ਕਠੂਆ ਵਿਖੇ ਬੀ ਐਸ ਐਫ, ਜੰਮੂ-ਕਸ਼ਮੀਰ

ਪੁਲਿਸ, ਕੇਂਦਰੀ ਏਜੰਸੀਆਂ ਅਤੇ ਪੰਜਾਬ ਪੁਲਿਸ ਵਿਚਾਲੇ ਅੱਜ ਇੱਕ ਬੇਹੱਦ ਅਹਿਮ ਉੱਚ ਪੱਧਰੀ ਅੰਤਰ-ਰਾਜੀ ਤਾਲਮੇਲ ਕਾਨਫਰੰਸ ਕੀਤੀ ਗਈ। ਪੰਜਾਬ ਪੁਲਿਸ ਦੇ DGP ਗੌਰਵ ਯਾਦਵ ਨੇ ਇਕ ਸੋਸ਼ਲ ਮੀਡਿਆ ਪੋਸਟ ਵਿਚ ਦੱਸਿਆ ਕਿ ਸਰਹੱਦ ਦੀ ਸੁਰੱਖਿਆ ਲਈ ਸੂਬਿਆਂ ਦੀ ਪੁਲਿਸ ਤੇ ਬੀ ਐਸ ਐਫ ਵਿਚਾਲੇ ਤਾਲਮੇਲ ਵਧਾਉਣ ਬਾਰੇ ਧਿਆਨ ਦਿੱਤਾ ਗਿਆ । ਇਸ ਕਾਨਫਰੰਸ ਵਿੱਚ ਬੀ.ਐਸ.ਐਫ ਪੱਛਮੀ ਕਮਾਂਡ ਦੇ ਵਿਸ਼ੇਸ਼ ਡਾਇਰੈਕਟਰ ਜਨਰਲ, ਜੰਮੂ-ਕਸ਼ਮੀਰ ਤੇ ਪੰਜਾਬ ਦੇ DGP ਤੋਂ ਅਲਾਵਾ ਜ਼ਿਲ੍ਹੇ ਦੇ ਹੋਰ ਸੀਨੀਅਰ ਅਧਿਕਾਰੀ ਸ਼ਾਮਲ ਹੋਏ । ਗੌਰਵ ਯਾਦਵ ਨੇ ਕਿਹਾ ਕਿ ਜੰਮੂ ਕਸ਼ਮੀਰ ਪੁਲਿਸ, ਬੀ.ਐੱਸ.ਐੱਫ. ਤੇ ਕੇਂਦਰੀ ਏਜੰਸੀਆਂ ਨਾਲ ਪੰਜਾਬ ਪੁਲਿਸ ਵਧੀਆ ਅਭਿਆਸਾਂ ਦੇ ਅਦਾਨ-ਪ੍ਰਦਾਨ, ਸਰਹੱਦੀ ਪ੍ਰਬੰਧਨ ਅਤੇ ਜਨਤਕ ਸੁਰੱਖਿਆ ਮਜ਼ਬੂਤ ਕਰਨ ਲਈ ਨਵੀਨਤਾਕਾਰੀ ਹੱਲਾਂ ਦੀ ਖੋਜ, ਸਹਿਜ ਸਹਿਯੋਗ ਅਤੇ ਸਰਹੱਦੀ ਸੂਬਿਆਂ ਵਿੱਚ ਅੰਦਰੂਨੀ ਸੁਰੱਖਿਆ ਬਣਾਈ ਰੱਖਣ ਲਈ ਵਚਨਬੱਧ ਤੇ ਸਮਰਪਿਤ ਏ ।

------------------------------------------------------------

ਕੇਂਦਰ ਸਰਕਾਰ ਵਲੋਂ ਤਿਆਰ ਤਿੰਨ ਨਵੇਂ ਅਪਰਾਧਿਕ ਕਾਨੂੰਨ - ਭਾਰਤੀ ਨਿਆ ਸੰਹਿਤਾ, ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਅਤੇ ਭਾਰਤੀ ਸਾਕਸ਼ਯ ਅਧਿਨਿਯਮ- 2023 ਲਾਗੂ ਹੋ ਗਏ ਨੇ । ਗੁਰਦਾਸਪੁਰ ਜ਼ਿਲੇ ਦੇ ਕਾਨੂੰਨ ਮਾਹਰਾਂ ਨੇ, ਨਵੇਂ ਕਾਨੂੰਨਾਂ ਵਿਚ ਹੋਏ ਬਦਲਾਅ ਦੀ ਸ਼ਲਾਘਾ ਕੀਤੀ ।

------------------------------------------------------------

ਆਈ. ਆਈ. ਟੀ. ਰੋਪੜ ਅਤੇ ਪੰਜਾਬ ਰਾਜ ਬਿਜਲੀ ਕਾਰਪੋਰੇਸ਼ਨ ਨੇ ਇੱਕ ਮਹੱਤਵਪੂਰਨ ਸਮਝੌਤਾ ਪੱਤਰ 'ਤੇ ਦਸਤਖ਼ਤ ਕੀਤੇ ਨੇ । ਇਹ ਸਿੱਖਿਆ, ਖੋਜ ਅਤੇ ਉਦਯੋਗਿਕ ਸਹਿਯੋਗ ਦੇ ਖੇਤਰ ਵਿੱਚ ਇੱਕ ਨਵੇਂ ਯੁੱਗ ਦੀ ਸ਼ੁਰੂਆਤ ਕਰਦਾ ਏ । ਇਸ ਦਾ ਮੁੱਖ ਉਦੇਸ਼ ਹੁਨਰ - ਆਧਾਰਿਤ ਸਿਖਲਾਈ ਅਤੇ ਸਿੱਖਿਆ ਨੂੰ ਉਤਸ਼ਾਹਿਤ ਕਰਨਾ, ਉਦਯੋਗਿਕ ਦੌਰਿਆਂ ਦਾ ਆਯੋਜਨ,ਆਪਸੀ ਹਿੱਤਾਂ ਦੇ ਖੇਤਰਾਂ ਵਿੱਚ ਖੋਜ ਸਹਿਯੋਗ ਨੂੰ ਵਧਾਉਣਾ ਅਤੇ ਖੋਜ ਉਦੇਸ਼ਾਂ ਲਈ ਡੇਟਾ ਦਾ ਆਦਾਨ-ਪ੍ਰਦਾਨ ਕਰਨਾ ਏ । ਇਸ ਤਹਿਤ, ਆਈ. ਆਈ. ਟੀ.

ਰੋਪੜ, ਕਾਰਪੋਰੇਸ਼ਨ ਦੇ ਮੁਲਾਜਮਾਂ ਲਈ ਸਮਰੱਥਾ ਨਿਰਮਾਣ ਪ੍ਰੋਗਰਾਮ ਚਲਾਏਗਾ, ਜਿਸ ਨਾਲ ਉਹਨਾਂ ਦੇ ਹੁਨਰ ਵਿੱਚ ਵਾਧਾ ਹੋਵੇਗਾ ਅਤੇ ਉਹ ਨਵੀਆਂ ਤਕਨਾਲੋਜੀਆਂ ਤੋਂ ਜਾਣੂ ਹੋਣਗੇ । ਇਸਦੇ ਨਾਲ ਹੀ, ਕਾਰਪੋਰੇਸ਼ਨ, ਵਿਦਿਆਰਥੀਆਂ ਨੂੰ ਅਸਲ ਉਦਯੋਗਿਕ ਸਮੱਸਿਆਵਾਂ 'ਤੇ ਕੰਮ ਕਰਨ ਲਈ ਜ਼ਰੂਰੀ ਡੇਟਾ ਅਤੇ ਸਹਾਇਤਾ ਪ੍ਰਦਾਨ ਕਰੇਗਾ। ਆਈ.ਆਈ.ਟੀ. ਦੇ ਡਾਇਰੈਕਟਰ ਪ੍ਰੋਫੈਸਰ ਰਾਜੀਵ ਅਹੂਜਾ ਨੇ ਕਿਹਾ ਕਿ "ਇਹ ਸਮਝੌਤਾ ਵਿਦਿਆਰਥੀਆਂ ਨੂੰ, ਅਸਲ-ਸੰਸਾਰ ਦੇ ਤਜਰਬੇ ਪ੍ਰਾਪਤ ਕਰਨ ਵਿੱਚ ਮਦਦ ਕਰੇਗਾ ਅਤੇ ਉਦਯੋਗ-ਅਕਾਦਮਿਕ ਸਹਿਯੋਗ ਨੂੰ ਮਜ਼ਬੂਤ ਕਰੇਗਾ।

---

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕਿਹਾ ਏ, ਕਿ ਪੰਜਾਬ ਦੇ ਮੁੱਖ ਮੰਤਰੀ ਨੇ ਲਗਾਤਾਰ ਤੀਜੀ ਵਾਰ MSP ’ਤੇ ਮੱਕੀ ਦੀ ਫਸਲ ਖਰੀਣ ਤੋਂ ਇਨਕਾਰ ਕਰਕੇ ਕਿਸਾਨਾਂ ਦਾ ਵੱਡਾ ਨੁਕਸਾਨ ਕੀਤਾ ਏ। ਇਕ ਬਿਆਨ ਵਿਚ ਉਨਾਂ ਕਿਹਾ ਕਿ ਹਾਲਾਂਕਿ ਮੁਖ ਮੰਤਰੀ ਨੇ ਫਸਲ ਖਰੀਦਣ ਦਾ ਵਾਅਦਾ ਕੀਤਾ ਸੀ, ਤੇ ਉਹ ਕਿਸਾਨਾਂ ਨੂੰ

ਹੋਏ ਵੱਡੇ ਆਰਥਿਕ ਨੁਕਸਾਨ ਲਈ ਇਕੱਲੇ ਹੀ ਜ਼ਿੰਮੇਵਾਰ ਨੇ ਤੇ ਮੁੱਖ ਮੰਤਰੀ ਨੂੰ ਇਸਤੀਫ਼ਾ ਦੇਣਾ ਚਾਹੀਦਾ ਏ। ਉਨਾਂ ਮੰਗ ਕੀਤੀ ਕਿ ਆਮ ਆਦਮੀ ਪਾਰਟੀ ਸਰਕਾਰ ਕਿਸਾਨਾਂ ਨੂੰ 'ਭਵੰਤਰ' ਸਕੀਮ, ਜਿਹੜੀ ਸੂਬੇ ਵਿਚ ਲਾਗੂ ਹੀ ਨਹੀਂ ਕੀਤੀ ਗਈ, ਰਾਹੀਂ ਫਸਲੀ ਨੁਕਸਾਨ ਦਾ ਮੁਆਵਜ਼ਾ ਦੇਵੇ। ਉਨਾਂ ਕਿਹਾ ਕਿ ਸਾਰੇ ਕਿਸਾਨ ਜਿਨਾਂ ਨੇ ਮੱਕੀ, ਮੂੰਗੀ ਤੇ ਸੂਰਜਮੁਖੀ ਦੀ ਫਸਲ MSP ਨਾਲੋਂ ਘੱਟ ਕੀਮਤ 'ਤੇ ਵੇਚੀ ਏ, ਨੂੰ ਤੁਰੰਤ ਇਹ ਮੁਆਵਜ਼ਾ ਦਿੱਤਾ ਜਾਣਾ ਚਾਹੀਦਾ ਏ।

---------------------------------------------------------

**ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ**

- ਕੇਂਦਰੀ ਸਿਹਤ ਮੰਤਰੀ ਜਗਤ ਪ੍ਰਕਾਸ਼ ਨੱਡਾ ਨੇ, ਸਹੀ ਪਰਿਵਾਰ ਨਿਯੋਜਨ ਯਕੀਨੀ ਬਣਾਉਣ ਅਤੇ ਯੋਜਨਾਵਾਂ ਤੇ ਪਹਿਲ-ਕਦਮੀਆਂ ਸਹੀ ਢੰਗ ਨਾਲ ਚਲਾਉਣ ਲਈ ਸਾਂਝੇ ਤੌਰ 'ਤੇ ਕੰਮ ਕਰਨ ਦੀ ਜ਼ਰੂਰਤ ਦੱਸੀ।

- ਕੇਂਦਰੀ ਗ੍ਰਿਹ ਮੰਤਰਾਲੇ ਅਧੀਨ ਭਾਰਤੀ ਸਾਈਬਰ ਅਪਰਾਧ ਤਾਲਮੇਲ ਕੇਂਦਰ, ਦੇਸ਼ ਭਰ ਵਿੱਚ ਸਾਈਬਰ ਅਪਰਾਧਾਂ ਦੇ ਟਾਕਰੇ ਲਈ ਜਾਗਰੂਕਤਾ ਫੈਲਾ ਰਿਹਾ ਏ।
- ਕਠੂਆ ਵਿਖੇ ਕੇਂਦਰੀ ਏਜੰਸੀਆਂ, ਬੀ. ਐਸ. ਐਫ. ਅਤੇ ਜੰਮੂ-ਕਸ਼ਮੀਰ ਤੇ ਪੰਜਾਬ ਪੁਲਿਸ ਵਿਚਾਲੇ ਅੱਜ ਇੱਕ ਬੇਹੱਦ ਅਹਿਮ ਉੱਚ ਪੱਧਰੀ ਅੰਤਰ-ਰਾਜੀ ਤਾਲਮੇਲ ਕਾਨਫਰੰਸ ਕੀਤੀ ਗਈ।
- ਆਈ. ਆਈ. ਟੀ. ਰੋਪੜ ਤੇ ਪੰਜਾਬ ਰਾਜ ਬਿਜਲੀ ਕਾਰਪੋਰੇਸ਼ਨ ਨੇ ਇੱਕ ਮਹੱਤਵਪੂਰਨ ਸਮਝੌਤਾ ਪੱਤਰ 'ਤੇ ਦਸਤਖ਼ਤ ਕੀਤੇ।